ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ
ਵਣ ਕੰਪਲੈਕਸ, ਸੈਕਟਰ-68, ਐਸ.ਏ.ਐਸ. ਨਗਰ।
http://sssb.punjab.gov.in/

ਇਸ਼ਤਿਹਾਰ ਨੰ:
02 ਆਫ 2021

## ਜਨਤਕ ਨਿਯੁਕਤੀਆਂ

### ਮਹੱਤਵਪੂਰਨ ਮਿਤੀਆਂ :

| | | |
|---|---|---|
| **ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ** | : | 15.01.2021 |
| **ਆਨਲਾਈਨ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ** | : | 16.01.2021 |
| **ਆਨਲਾਈਨ ਅਪਲਾਈ/ submit ਕਰਨ ਦੀ ਆਖਰੀ ਮਿਤੀ** | : | 11.02.2021 (ਸ਼ਾਮ 5:00 ਵਜੇ ਤੱਕ) |
| **ਫੀਸ ਭਰਨ ਦੀ ਆਖਰੀ ਮਿਤੀ** | : | 15.02.2021 |

### ਡਿਟੇਲਡ ਸੂਚਨਾ

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗੁਰੱਪ-ਸੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

1. ਜਾਣ-ਪਹਿਚਾਣ :

ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਤੋਂ ਪ੍ਰਾਪਤ ਮੰਗ ਪੱਤਰ, ਅਸਾਮੀਆਂ ਦਾ ਵਰਗੀਕਰਨ ਅਤੇ ਨਿਯਮਾਂ ਅਨੁਸਾਰ ਗਰੁੱਪ-ਸੀ ਦੀਆਂ ਜੂਨੀਅਰ ਡਰਾਫਟਸਮੈਨ (ਸਿਵਲ, ਮਕੈਨੀਕਲ ਅਤੇ ਆਰਕੀਟੈਕਚਰਲ) ਦੀਆਂ **ਕੁੱਲ 547 ਅਸਾਮੀਆਂ** ਭਰਨ ਲਈ ਬੋਰਡ ਦੀ ਵੈਬਸਾਈਟ http://sssb.punjab.gov.in/ ਤੇ ਯੋਗ ਉਮੀਦਵਾਰਾਂ ਤੋਂ ਮਿਤੀ 16.01.2021 ਤੋਂ 11.02.2021 ਸ਼ਾਮ 05-00 ਵਜੇ ਤੱਕ ਆਨਲਾਈਨ ਅਰਜੀਆਂ/ਬਿਨੈ-ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।

2. ਅਸਾਮੀਆਂ ਦਾ ਵਰਗੀਕਰਨ :

**Total number of vacant posts of Junior Draftsman (Civil, Mechanical and Architecture) as under :-**

| | | |
|---|---|---|
| **Junior Draftsman (Civil)** | - | **529** |
| **Junior Draftsman (Mechanical)** | - | **13** |
| **Junior Draftsman (Architecture)** | - | **05** |

| Posts of Junior Draftsman (Civil, Mechanical & Architecture) | | | | | | | | | | | | | | | | | | | | | | | | | | | | | | | | | | | | | | | |
|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|---|
| Sr. No | Name of Department | Post name | General | | S.C. | | | | B.C. | | Ex Service Men | | | | | | | | | | | | SPORTS | | | | Physically Handicapped | | | | | | | | Freedom Fighter | | E.W.S. | | Total |
| | | | | | M.B. | | R.O. | | | | GENERAL | | | | S.C. | | | | B.C. | | | | GEN | | S.C. | | Ortho | | Visually Impaired | | Hearing Impaired | | Intellectual | | | | | | |
| | | | | | | | | | | | SELF | | DEPDENT | | SELF | | DEP | | SELF | | DEP | | | | | | | | | | | | | | | | | | |
| | | | M | W | M | W | M | W | M | W | M | W | M | W | M | W | M | W | M | W | M | W | M | W | M | W | M | W | M | W | M | W | M | W | M | W | M | W | |
| 1 | Soil and water conservation | Junior Draftsman Civil | 23 | 11 | 5 | 3 | 6 | 3 | 6 | 3 | 4 | 2 | | | 2 | 1 | | | 1 | 1 | | | 1 | 1 | 1 | | 1 | | 1 | | 1 | | | | | | 5 | 3 | 85 |
| 2 | Panchayti Raj Public Works (Department of Rural Development & Panchayats) | Junior Draftsman Civil | 14 | 5 | 3 | 2 | 3 | 1 | 3 | 2 | 2 | 2 | | | 2 | | | | | | | | 1 | 1 | | | 1 | | | | 1 | | | | | | 2 | 2 | 47 |
| 3 | Water Resources | Junior Draftsman Civil | 41 | 16 | 8 | 6 | 8 | 6 | 9 | 6 | 11 | 6 | | | 9 | | | | 5 | | | | 2 | 2 | 3 | | 1 | 1 | 1 | | 1 | | 1 | 1 | 2 | 1 | 11 | 4 | 162 |
| | | Junior Draftsman Mechanical | 3 | 2 | 1 | 1 | 1 | | 1 | | | 1 | | | 1 | | | | | | | | | | | | | | 1 | | | | | | | | 1 | | 13 |
| 4 | Punjab Water Resources Management & Development Corporation SAS Nagar | Junior Draftsman Civil | 2 | 1 | 1 | 1 | 1 | | | | 2 | | | | | | | | 1 | | | | | | | | | | | | | | | | 2 | | 1 | | 12 |
| 5 | Water Supply and Sanitation | Junior Draftsman Civil | 18 | 9 | 5 | 3 | 6 | 2 | 5 | 2 | 6 | 2 | | | 2 | 1 | | | 1 | 1 | | | 1 | 1 | 1 | | 1 | 1 | | | 1 | | | | 1 | 1 | 6 | 3 | 80 |
| 6 | Public Works Department (B&R) | Junior Draftsman Civil | 39 | 16 | 9 | 6 | 8 | 6 | 8 | 5 | 4 | 6 | | | 5 | | | | 3 | | | | 1 | 2 | 2 | | 2 | 1 | | | 2 | 1 | | | 1 | | 9 | 5 | 141 |
| 7 | Director Land Records, Punjab | Junior Draftsman Civil | 1 | | 1 | | | | | | | | | | | | | | | | | | | | | | | | | | | | | | | | | | 2 |
| 8 | Chief Architecture, Department of Architecture | Junior Draftsman Architecture | 1 | 1 | | | 1 | | 1 | | | | | | | | | | | | | | | | | | | | | | | | | | | | 1 | | 5 |

**M-stands for-Man** **W-stands for-Woman**

**Note:-** ਅਸਾਮੀਆਂ ਦੀ ਉਕਤ ਕੈਟਾਗਰੀ ਵਾਈਜ਼ ਵੰਡ ਸਬੰਧਤ ਵਿਭਾਗਾਂ ਤੋਂ ਪ੍ਰਾਪਤ ਮੰਗ ਪੱਤਰਾਂ ਅਨੁਸਾਰ ਦਿੱਤੀ ਗਈ ਹੈ। ਜੋ ਕਿ ਭਵਿੱਖ ਵਿੱਚ ਸਬੰਧਤ ਵਿਭਾਗਾਂ/ਸਰਕਾਰ ਤੋਂ ਪ੍ਰਾਪਤ ਸੂਚਨਾ/ਫੈਸਲੇ ਦੇ ਸਨਮੁੱਖ ਤਬਦੀਲੀ ਹੋ ਸਕਦੀ ਹੈ।

3. ਤਨਖਾਹ ਸਕੇਲ :

ਜੂਨੀਆਰ ਡਰਾਫਟਸਮੈਨ (ਸਿਵਲ, ਮਕੈਨੀਕਲ ਅਤੇ ਆਰਕੀਟੈਕਚਰਲ) ਦੀ ਅਸਾਮੀਆਂ ਲਈ ਤਨਖਾਹ ਸਕੇਲ / ਪੇਅ ਮੈਟ੍ਰਿਕਸ **25,500/- ਰੁਪਏ** ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦੇ ਪੱਤਰ ਨੰ. 7/87/2020-5ਵਿ.ਪ੍ਰੋ1/1145, ਮਿਤੀ 29.10.2020 ਅਨੁਸਾਰ ਦਿੱਤਾ ਜਾਵੇਗਾ।ਮੁੱਢਲੀ ਤਨਖਾਹ ਅਤੇ ਹੋਰ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ), ਪੰਜਾਬ ਸਰਕਾਰ ਦਾ ਪੱਤਰ ਨੰ. 7/204/2012-4ਐਫ.ਪੀ.1/60, ਮਿਤੀ 15.01.2015 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

4. ਵਿੱਦਿਅਕ ਯੋਗਤਾ **(Education Qualification) :**

| ਲੜੀ ਨੰ. | ਅਸਾਮੀ ਦਾ ਨਾਮ | ਵਿੱਦਿਅਕ ਯੋਗਤਾ (ਜੋ ਹਰ ਵਿਭਾਗ ਦੀ ਅਸਾਮੀ ਲਈ ਲਾਜ਼ਮੀ ਹੈ) |
|---|---|---|
| (ੳ) | ਜੂਨੀਅਰ ਡਰਾਫਟਸਮੈਨ (ਸਿਵਲ) | (i) Should have passed examination of Matriculation with Punjabi as one of the subjects from a recognised University or Institute ; and<br>(ii) Should possess two years Certificate of Draftsman Civil from an Industrial Training Institute. |
| (ਅ) | ਜੂਨੀਅਰ ਡਰਾਫਟਸਮੈਨ (ਮਕੈਨੀਕਲ) | (i) Should have passed examination of Matriculation with Punjabi as one of the subjects from a recognised University or Institute ; and<br>(ii) Should possess two years Certificate of Draftsman Mechanical from an Industrial Training Institute. |
| (ੲ) | ਜੂਨੀਅਰ ਡਰਾਫਟਸਮੈਨ (ਆਰਕੀਟੈਕਚਰਲ) | Should possess Three Years' Diploma in Architectural Assistantship, awarded by the State Board of Technical Education or from a recognised university or institution. |

ਉਪਰੋਕਤ ਵਿੱਦਿਅਕ ਯੋਗਤਾ ਤੋਂ ਇਲਾਵਾ ਉਪਰੋਕਤ ਅਸਾਮੀਆਂ ਲਈ ਹੇਠ ਲਿਖੀ ਯੋਗਤਾ ਦਾ ਵੀ ਹੋਣਾ ਲਾਜ਼ਮੀ ਹੈ:-

**(I)** ਜੂਨੀਅਰ ਡਰਾਫਟਸਮੈਨ (ਆਰਕੀਟੈਕਚਰਲ) ਵਿੱਚ ਅਪਲਾਈ ਕਰਨ ਵਾਲੇ ਉਮੀਦਵਾਰਾਂ ਲਈ ਪੰਜਾਬ ਸਿਵਲ ਸੇਵਾਵਾਂ **(Common conditions)** ਰੂਲਜ਼, 1994 ਵਿੱਚ ਕੀਤੇ ਉਪਬੰਧ ਅਨੁਸਾਰ ਦਸਵੀਂ ਪੱਧਰ ਦੀ ਪੰਜਾਬੀ ਜਾਂ ਇਸ ਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਵੇ।

**(II)** ਉਕਤ ਅਸਾਮੀਆਂ ਲਈ ਮੰਗੀ ਲੋੜੀਂਦੀ ਵਿੱਦਿਅਕ ਯੋਗਤਾ ਲੜੀ ਨੰਬਰ 'ੳ', 'ਅ' ਅਤੇ 'ੲ' ਤੇ ਦਰਜ ਹੋਣਾ ਲਾਜ਼ਮੀ ਹੈ।ਬਿਨ੍ਹਾਂ ਲੋੜੀਂਦੀ ਵਿੱਦਿਅਕ ਯੋਗਤਾ ਵਾਲੇ ਉਮੀਦਵਾਰਾਂ ਨੂੰ ਇਨ੍ਹਾਂ ਅਸਾਮੀਆਂ ਲਈ ਨਹੀਂ ਵਿਚਾਰਿਆਂ ਜਾਏਗਾ।

(III) Punjab Water Resources Management & Development Corporation, S.A.S. Nagar ਦੇ ਜੂਨੀਅਰ ਡਰਾਫਟਸਮੈਨ (ਸਿਵਲ) ਲਈ ਤਰਜੀਹ ਭਰਨ ਵਾਲੇ ਉਮੀਦਵਾਰਾਂ ਕੋਲ ਦੋ ਸਾਲ ਡਰਾਫਟਸਮੈਨ ਸਿਵਲ ਸਰਟੀਫਿਕੇਟ ਕੋਰਸ ਦੇ ਨਾਲ ਇਕ ਸਾਲ ਦੀ Apprenticeship ਦਾ ਹੋਣਾ ਲਾਜ਼ਮੀ ਹੈ। ਇਸ ਲਈ ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਸਬੰਧਤ ਕੈਟਾਗਰੀ ਵਿੱਚ ਅਸਾਮੀਆਂ ਦੀ ਉਪਲਬਧਤਾ ਅਤੇ ਵਿਦਿਅਕ ਯੋਗਤਾ ਦੀ ਸ਼ਰਤ ਪੂਰੀ ਕਰਦੇ ਹੋਣ ਦੀ ਸੂਰਤ ਵਿੱਚ ਹੀ ਇਨ੍ਹਾਂ ਅਸਾਮੀਆਂ ਲਈ ਤਰਜੀਹ ਦਰਜ ਕਰਨ। ਬਿਨ੍ਹਾਂ ਇਕ ਸਾਲ ਦੀ Apprenticeship ਤੋਂ ਉਮੀਦਵਾਰਾਂ ਨੂੰ ਇਸ ਅਸਾਮੀ ਲਈ ਨਹੀਂ ਵਿਚਾਰਿਆਂ ਜਾਏਗਾ।

(IV) ਉਮੀਦਵਾਰ ਆਨਲਾਈਨ ਅਪਲਾਈ ਕਰਨ ਦੀ ਆਖਰੀ ਮਿਤੀ ਤੋਂ ਪਹਿਲਾਂ ਹਰ ਪੱਖੋਂ ਲੋੜੀਂਦੀ ਵਿਦਿਅਕ ਯੋਗਤਾ ਪੂਰੀ ਕਰਦਾ ਹੋਵੇ।

5. ਕੈਟਾਗਰੀ ਕੋਡ (Category codes):

| Sr. No. | Category | Code |
|---|---|---|
| 1. | General | 101 |
| 2. | S.C (M & B) | 102 |
| 3. | S.C (Ramdasia & others) | 103 |
| 4. | B.C | 104 |
| 5. | ESM Gen. (Self ) | 105 |
| 6. | ESM Gen. (Dependent) | 106 |
| 7. | ESM SC (Self ) | 107 |
| 8. | ESM SC. (Dependent) | 108 |
| 9. | ESM BC (Self ) | 109 |
| 10. | ESM BC (Dependent) | 110 |
| 11. | Sports Gen. | 111 |
| 12. | Sports SC | 112 |
| 13. | Physical Handicapped (Ortho) | 113 |
| 14. | Physical Handicapped (Visual impaired ) | 114 |
| 15. | Physical Handicapped (Hearing impaired ) | 115 |
| 16. | Physical Handicapped (MI or MD) | 116 |
| 17. | Freedom Fighter | 117 |
| 18. | EWS (Gen.) | 118 |

General - ਆਮ ਵਰਗ, SC (M&B) - ਅਨੁਸੂਚਿਤ ਜਾਤੀ (ਮਜਬੀ ਤੇ ਬਾਲਮਿਕੀ), SC (R&O) - ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ), BC - ਪੱਛੜੀ ਸ਼੍ਰੇਣੀ, ESM Gen. (Self) - ਸਾਬਕਾ ਫੌਜੀ-ਆਮ ਵਰਗ (ਖੁਦ), ESM Gen. (Dependent) ਸਾਬਕਾ ਫੌਜੀ-ਆਮ ਵਰਗ (ਆਸ਼ਰਿਤ), ESM SC (Self) - ਸਾਬਕਾ ਫੌਜੀ-ਅਨੁਸੂਚਿਤ ਜਾਤੀ (ਖੁਦ), ESM SC (Dependent) - ਸਾਬਕਾ ਫੌਜੀ-ਅਨੁਸੂਚਿਤ ਜਾਤੀ (ਆਸ਼ਰਿਤ), ESM BC (Self) - ਸਾਬਕਾ ਫੌਜੀ-ਪੱਛੜੀ ਸ਼੍ਰੇਣੀ (ਖੁਦ), ESM BC (Dependent) - ਸਾਬਕਾ ਫੌਜੀ-ਪੱਛੜੀ ਸ਼੍ਰੇਣੀ (ਆਸ਼ਰਿਤ), Sports Gen. - ਖਿਡਾਰੀ

(ਆਮ ਵਰਗ), Sports SC - ਖਿਡਾਰੀ (ਅਨੁਸੂਚਿਤ ਜਾਤੀ), Physical Handicapped (Ortho) - ਅੰਗਹੀਣ (ਆਰਥੋ), Physical Handicapped (Visual impaired) - ਅੰਗਹੀਣ (ਨੇਤਰਹੀਣ), Physical Handicapped (Hearing impaired) - ਅੰਗਹੀਣ (ਗੂੰਗਾ ਤੇ ਬੋਲਾ), Physical Handicapped (MI or MD)- ਅੰਗਹੀਣ (Mental illness or Multiple disabllity), Freedom Fighter - ਸੁਤੰਤਰਤਾ ਸੰਗਰਾਮੀ, EWS (Gen.) - ਆਰਥਿਕ ਤੌਰ ਤੇ ਕਮਜ਼ੋਰ ਵਰਗ (ਆਮ)।

ਨੋਟ : (ੳ) **ESM Gen., ESM SC ਅਤੇ ESM BC ਦੀਆਂ ਅਸਾਮੀਆਂ ESM (Self ) ਉਮੀਦਵਾਰਾਂ ਵਿੱਚੋਂ ਹੀ ਭਰੀਆਂ ਜਾਣਗੀਆਂ। ESM (Self ) ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀਆਂ ESM (Dependent) ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ।**

(ਅ) ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟਿਫੀਕੇਸ਼ਨ ਮਿਤੀ 08.05.2020 ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜੀ ਖੁਦ ਜਾਂ ਸਾਬਕਾ ਫੌਜੀ ਆਸ਼ਰਿਤ ਉਮੀਦਵਾਰ ਉਪਲਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਣੀ ਹੈ :-

**In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-**

**"Provided further that when an ex-serviceman is not available for recruitment against a reserved vacancy and further no wife or dependent child of an Ex-serviceman is available for recruitment against a reserved vacancy, such a vacancy shall be reserved to be filled in by recruitment of the grand child of a Gallantry Award Winner, in case the benefit of reservation has not been availed of by any of the children or dependents of such winner or by the winner himself subject to the conditions specified in the second proviso."**

(ੲ) ਉਪਰੋਕਤ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ਼ ਵਰਗੀਕਰਨ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵੱਲੋਂ ਪ੍ਰਾਪਤ ਮੰਗ-ਪੱਤਰ ਅਤੇ ਦਰਸਾਏ ਵਰਗੀਕਰਨ ਅਨੁਸਾਰ ਹੀ ਹੈ। ਜੇਕਰ ਸਬੰਧਤ ਵਿਭਾਗਾਂ ਵੱਲੋਂ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਦਾ ਫੈਸਲਾ ਲਿਆ ਜਾਂਦਾ ਹੈ ਜਾਂ ਉਪਰੋਕਤ ਦਰਸਾਏ ਸ਼੍ਰੇਣੀਆਂ ਦੇ ਵਰਗੀਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ ਸੋਧ ਕਰਨ ਦਾ ਫੈਸਲਾ ਲਿਆ ਜਾਂਦਾ ਹੈ ਤਾਂ ਬੋਰਡ ਦੁਆਰਾ ਇਸ ਸਬੰਧੀ **Corrigendum/notice** ਜਾਰੀ ਕਰਦੇ ਹੋਏ ਭਰਤੀ ਵਿੱਚ ਸੋਧ ਕੀਤੀ ਜਾ ਸਕਦੀ ਹੈ। ਅਜਿਹੀ ਹਰ ਤਰ੍ਹਾਂ ਦੀ ਸੋਧ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ ।

6. ਤਰਜੀਹ **(Prefernce) :**

(i) **ਜੂਨੀਅਰ ਡਰਾਫਟਸਮੈਨ (ਸਿਵਲ)** ਵਿੱਚ ਅਪਲਾਈ ਕਰਨ ਵਾਲੇ ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਵਿਭਾਗਾਂ ਦੀਆਂ ਅਸਾਮੀਆਂ ਦਾ ਵਰਗੀਕਰਨ ਨੂੰ ਧਿਆਨ ਨਾਲ ਪੜ੍ਹ ਕੇ ਅਤੇ ਚੇਕ ਕਰਨ ਉਪਰੰਤ ਆਨਲਾਈਨ ਫਾਰਮ ਅਪਲਾਈ ਕਰਦੇ ਸਮੇਂ ਆਪਣੀ ਵਿਭਾਗਾਂ ਦੀ Prefernces (ਤਰਜੀਹਾਂ) 1 ਤੋਂ 7 ਤੱਕ ਦੇਣਗੇ। ਕਿਸੇ ਵੀ ਸਟੇਜ ਤੇ ਉਮੀਦਵਾਰਾਂ ਵੱਲੋਂ ਦਿੱਤੀ ਵਿਭਾਗਾਂ ਦੀ ਤਰਜੀਹ ਨੂੰ ਤਬਦੀਲ ਨਹੀਂ ਕੀਤਾ ਜਾ ਸਕੇਗਾ।

ਨੋਟ : **ਜੂਨੀਅਰ ਡਰਾਫਟਸਮੈਨ (ਮਕੈਨੀਕਲ) ਅਤੇ ਜੂਨੀਅਰ ਡਰਾਫਟਸਮੈਨ (ਆਰਕੀਟੈਕਚਰਲ) ਵਿੱਚ ਸਿਰਫ ਇੱਕ-ਇੱਕ ਵਿਭਾਗ ਹੋਣ ਕਰਕੇ ਇਨ੍ਹਾਂ ਅਸਾਮੀਆਂ ਲਈ ਅਪਲਾਈ ਕਰਨ ਵਾਲੇ ਉਮੀਦਵਾਰਾਂ ਲਈ ਵਿਭਾਗਾਂ ਦੀ Prefernce** (ਤਰਜੀਹ) ਨਹੀਂ ਹੈ।

(ii) ਵਿਭਾਗਾਂ ਦੀ ਅਲਾਟਮੈਂਟ ਬੋਰਡ ਵੱਲੋਂ ਲਏ ਗਏ ਲਿਖਤੀ ਪ੍ਰੀਖਿਆ ਵਿੱਚੋਂ ਪ੍ਰਾਪਤ ਅੰਕਾਂ ਦੇ ਆਧਾਰ ਤੇ ਮੈਰਿਟ ਅਤੇ ਉਮੀਦਵਾਰ ਵੱਲੋਂ ਦਿੱਤੀ ਤਰਜੀਹ ਅਨੁਸਾਰ ਕੀਤੀ ਜਾਵੇਗੀ।

**(iii) Punjab Water Resources Management & Development Corporation, S.A.S. Nagar ਦੇ ਜੂਨੀਅਰ ਡਰਾਫਟਸਮੈਨ (ਸਿਵਲ) ਲਈ ਤਰਜੀਹ ਭਰਨ ਵਾਲੇ ਉਮੀਦਵਾਰਾਂ ਕੋਲ ਦੋ ਸਾਲ ਡਰਾਫਟਸਮੈਨ ਸਿਵਲ ਸਰਟੀਫਿਕੇਟ ਕੋਰਸ ਦੇ ਨਾਲ ਇਕ ਸਾਲ ਦੀ Apprenticeship ਦਾ ਹੋਣਾ ਲਾਜ਼ਮੀ ਹੈ। ਇਸ ਲਈ ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਸਬੰਧਤ ਕੈਟਾਗਰੀ ਵਿੱਚ ਅਸਾਮੀਆਂ ਦੀ ਉਪਲਬਧਤਾ ਅਤੇ ਵਿਦਿਅਕ ਯੋਗਤਾ ਦੀ ਸ਼ਰਤ ਪੂਰੀ ਕਰਦੇ ਹੋਣ ਦੀ ਸੂਰਤ ਵਿੱਚ ਹੀ ਇਨ੍ਹਾਂ ਅਸਾਮੀਆਂ ਲਈ ਤਰਜੀਹ ਦਰਜ ਕਰਨ।ਬਿਨ੍ਹਾਂ ਇਕ ਸਾਲ ਦੀ Apprenticeship ਤੋਂ ਉਮੀਦਵਾਰਾਂ ਨੂੰ ਇਸ ਅਸਾਮੀ ਲਈ ਨਹੀਂ ਵਿਚਾਰਿਆਂ ਜਾਏਗਾ।**

(iv) ਜੂਨੀਅਰ ਡਰਾਫਟਸਮੈਨ (ਸਿਵਲ) ਵਿੱਚ ਅਪਲਾਈ ਕਰਨ ਵਾਲੇ ਉਮੀਦਵਾਰ ਆਨਲਾਈਨ ਫਾਰਮ ਭਰਨ ਸਮੇਂ ਹੇਠ ਲਿਖੇ ਅਨੁਸਾਰ ਵਿਭਾਗਾਂ ਦੀ Prefernces (ਤਰਜੀਹਾਂ) 1 ਤੋਂ 7 ਤੱਕ ਕੇਵਲ numeric values ਵਿੱਚ ਦੇਣਗੇ :-

**(For Example)**

| S.No. | Department Name | Priority Order |
|---|---|---|
| 1. | Department of Soil & Water conservation | 3 |
| 2. | Panchayati Raj Public Works (Department of Rural Development and Panchayats) | 7 |
| 3. | Department of Water Resources | 4 |
| 4. | Department of Water Supply and Sanitation | 1 |
| 5. | Public Works Department (B&R) | 2 |
| 6. | Director Land Records, Punjab | 5 |
| 7. | Punjab Water Resources Management & Development Corporation, S.A.S. Nagar | 6 |

ਨੋਟ : **Fill your preference for Departments (Only numeric values, 1 to 7)**

7. ਉਮਰ ਸੀਮਾ :

ਉਪਰੋਕਤ ਅਸਾਮੀਆਂ ਲਈ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01.01.2021 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ :-

(i) ਜਨਰਲ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਅਤੇ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(ii) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਸੀਮਾ 42 ਸਾਲ ਹੋਵੇਗੀ।

(iii) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਪਰਲੀ ਉਮਰ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(iv) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਪਰਲੀ ਉਮਰ ਸੀਮਾ Punjab Recruitment of EX-Servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਉਮਰ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(v) ਪੰਜਾਬ ਦੇ ਵਸਨੀਕ ਅੰਗਹੀਣਾਂ ਲਈ ਉਪਰਲੀ ਉਮਰ ਸੀਮਾ ਵਿੱਚ 10 ਸਾਲ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 47 ਸਾਲ ਹੋਵੇਗੀ।

(vi) The upper age limit for widows, divorcees and certain other categories of married women as per instructions issued by the Government of Punjab vide Letter No. 1/50/83-5PP(1368)/3454 dated 23.04.1984 will be relaxed up to 40 years.

(vii) ਪੰਜਾਬ ਸਰਕਾਰ ਦੇ ਪੱਤਰ ਨੰ. 9/56/2020-5ਪੀ.ਪੀ.1/33 ਮਿਤੀ 12.01.2021 ਰਾਹੀਂ ਪੰਜਾਬ ਸਰਕਾਰ ਅਧੀਨ ਠੇਕੇ ਦੇ ਅਧਾਰ ਤੇ ਕੰਮ ਕਰ ਰਹੇ ਵੱਖ-ਵੱਖ ਕੈਟਾਗਰੀਆਂ ਦੇ ਕਰਮਚਾਰੀਆਂ ਨੂੰ ਇਸ ਪੱਤਰ ਵਿੱਚ ਦਰਜ ਸ਼ਰਤਾਂ ਪੂਰੀਆਂ ਕਰਨ ਦੀ ਸੂਰਤ ਵਿੱਚ ਇਸ ਭਰਤੀ ਲਈ ਦਿੱਤੀ ਗਈ ਉਪਰਲੀ ਉਮਰ ਸੀਮਾ ਵਿੱਚ ਲਾਗੂ ਹੋਵੇਗੀ।

8. **ਫੀਸ ਸਬੰਧੀ ਵੇਰਵਾ :**

| | |
|---|---|
| ਆਮ ਵਰਗ (GEN) | - 1000/- ਰੁਪਏ |
| ਐਸ.ਸੀ. (SC)/ਬੀ.ਸੀ. (BC)/ਆਰਥਿਕ ਤੌਰ ਤੇ ਕਮਜ਼ੋਰ ਵਰਗ (EWS) | - 250/- ਰੁਪਏ |
| ਸਾਬਕਾ ਫੌਜੀ ਅਤੇ ਆਸ਼ਰਿਤ (Ex-Servicemen & Dependent) | - 200/- ਰੁਪਏ |
| ਅੰਗਹੀਣ (Physical Handicapped) | - 500/- ਰੁਪਏ |

**ਨੋਟ :** **ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਏਗੀ।**

9. ਰਾਖਵਾਂਕਰਨ/ **Reservation** ਸਬੰਧੀ ਮਹੱਤਵਪੂਰਨ ਹਦਾਇਤਾਂ :

(i) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਧਿਆਨ ਨਾਲ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(ii) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ, ਇਸ ਲਈ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਭਰਨ ਸਮੇਂ ਉਮੀਦਵਾਰ ਇਸ ਗੱਲ ਦਾ ਧਿਆਨ ਰੱਖੇਗਾ। ਉਮੀਦਵਾਰ ਵੱਲੋਂ ਆਨਲਾਈਨ ਭਰੇ ਗਏ ਫਾਰਮ ਵਿੱਚ ਦਰਜ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਦੇ ਆਧਾਰ ਤੇ ਹੀ ਉਸਦੀ ਪਾਤਰਤਾ ਨੂੰ ਵਿਚਾਰਿਆ ਜਾਵੇਗਾ।

(iii) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਦਾ ਤਾਜਾ ਜਾਰੀ ਹੋਇਆ ਸਰਟੀਫਿਕੇਟ (Domicile Certificate) ਅਪਲੋਡ/ਪੇਸ਼ ਕਰੇਗਾ। ਇਹ ਸਰਟੀਫਿਕੇਟ ਅਪਲੋਡ/ਪੇਸ਼ ਕਰਨ ਸਮੇਂ ਕਿਸੇ ਵੀ ਸਥਿਤੀ ਵਿੱਚ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ ਹੈ।

(iv) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀਆਂ ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(v) ਉਮੀਦਵਾਰ ਕਾਊਂਸਲਿੰਗ ਸਮੇਂ ਅਤੇ ਹੋਰ ਕਿਸੇ ਵੀ ਸਟੇਜ ਤੇ ਬੋਰਡ ਦੀ ਮੰਗ ਅਨੁਸਾਰ ਆਪਣੀ ਸ਼੍ਰੇਣੀ ਨਾਲ ਸਬੰਧਤ ਹਰ ਤਰ੍ਹਾਂ ਦਾ ਪੁਖਤਾ (Valid) ਸਰਟੀਫਿਕੇਟ ਸਬੂਤ ਵੱਜੋਂ ਪੇਸ਼ ਕਰੇਗਾ। ਇਹ ਸਰਟੀਫਿਕੇਟ ਸਮਰੱਥ ਅਥਾਰਟੀ ਵੱਲੋਂ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾਂ ਦਾ ਜਾਰੀ ਕੀਤਾ ਹੋਣਾ ਲਾਜ਼ਮੀ ਹੈ।

(vi) ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣੀ/ ਸ਼੍ਰੇਣੀ-ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਲ ਨਾ ਕੀਤੀ ਹੋਵੇ, ਉਸ ਸਥਿਤੀ ਵਿੱਚ ਅਜਿਹੇ ਪ੍ਰਾਰਥੀ ਦੀ ਉਮੀਦਵਾਰਤਾ ਮੁੱਢ ਤੋਂ ਹੀ ਰੱਦ ਮੰਨੀ ਜਾਵੇਗੀ।

10. **ਚੋਣ ਵਿਧੀ :**

(i) ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਸਫਲਤਾਪੂਰਵਕ ਬਿਨੈ ਕਰਨ ਵਾਲੇ ਉਮੀਦਵਾਰਾਂ ਦੀ Ojective type ਲਿਖਤੀ ਪ੍ਰੀਖਿਆ ਲਈ ਜਾਏਗੀ।

(ii) ਯੋਗ ਉਮੀਦਵਾਰਾਂ ਦੀ ਚੋਣ ਕਰਨ ਲਈ ਸਿਰਫ ਲਿਖਤੀ ਪ੍ਰੀਖਿਆ ਵਿੱਚੋਂ ਪ੍ਰਾਪਤ ਅੰਕਾਂ ਦੇ ਆਧਾਰ ਤੇ ਹੀ ਸਾਂਝੀ ਮੈਰਿਟ ਸੂਚੀ (Common Marit List) ਤਿਆਰ ਕੀਤੀ ਜਾਏਗੀ।

(iii) ਉਪਰੋਕਤ ਦਰਸਾਈਆਂ ਅਸਾਮੀਆਂ ਵਾਸਤੇ ਵਿਚਾਰੇ ਜਾਣ ਲਈ ਹਰ ਸ਼੍ਰੇਣੀ ਦੇ ਉਮੀਦਵਾਰ ਲਈ ਲਿਖਤੀ ਪ੍ਰੀਖਿਆ ਵਿੱਚੋਂ ਘੱਟ ਤੋਂ ਘੱਟ 40% (40 ਪ੍ਰਤੀਸ਼ਤ) ਅੰਕ ਪ੍ਰਾਪਤ ਕਰਨੇ ਜ਼ਰੂਰੀ ਹਨ। ਲਿਖਤੀ ਪ੍ਰੀਖਿਆ ਵਿੱਚ 40% (40 ਪ੍ਰਤੀਸ਼ਤ) ਅੰਕਾਂ ਤੋਂ ਘੱਟ ਅੰਕ ਪ੍ਰਾਪਤ ਕਰਨ ਵਾਲੇ ਉਮੀਦਵਾਰ ਨੂੰ ਅਯੋਗ/ਫੇਲ ਕਰਾਰ ਦਿੰਦੇ ਹੋਏ ਉਪਰੋਕਤ ਅਸਾਮੀਆਂ ਦੀ ਚੋਣ ਵਾਸਤੇ ਵਿਚਾਰਿਆ ਨਹੀਂ ਜਾਵੇਗਾ।

**ਨੋਟ : ਲਿਖਤੀ ਪ੍ਰੀਖਿਆ ਵਿੱਚ ਨੇਗਿਟਵ ਮਾਰਕਿੰਗ ਹੋਵੇਗੀ। ਹਰਕੇ ਪ੍ਰਸ਼ਨ ਦੇ ਗਲਤ ਜਵਾਬ ਵਿੱਚ ਇੱਕ ਚੌਥਾਈ ਅੰਕ (0.25) ਕੱਟ ਲਿਆ ਜਾਵੇਗਾ।**

(iv) ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸਬੰਧੀ ਕੋਈ ਮਾਮਲਾ ਸਾਹਮਣੇ ਆਉਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸਬੰਧੀ ਉਮੀਦਵਾਰ ਦੀ ਮੰਗੀ ਵਿਦਿਅਕ ਯੋਗਤਾ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਮੈਟ੍ਰਿਕ ਅੰਕ ਹਾਸਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉਪਰ ਮੰਨੀ ਜਾਵੇਗੀ।

(v) ਲਿਖਤੀ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਹੀ ਅਸਾਮੀਆਂ ਦਾ 3 ਗੁਣਾ ਜਾਂ ਬੋਰਡ ਵੱਲੋਂ ਲਏ ਗਏ ਫੈਸਲੇ ਅਨੁਸਾਰ ਉਮੀਦਵਾਰ ਨੂੰ ਹਰ ਤਰ੍ਹਾਂ ਦੇ ਦਸਤਾਵੇਜਾਂ ਦੀ ਪੜਤਾਲ/ਵੈਰੀਫਿਕੇਸ਼ਨ ਕਰਨ ਲਈ ਕਾਉਂਸਲਿੰਗ ਲਈ ਬੁਲਾਇਆ ਜਾਏਗਾ। ਕਾਉਂਸਲਿੰਗ ਉਪਰੰਤ ਮੁਕੰਮਲ ਤੌਰ ਤੇ ਸਫਲ/ਯੋਗ ਪਾਏ ਗਏ ਉਮੀਦਵਾਰਾਂ ਦੇ ਨਾਮ, ਅਸਾਮੀਆਂ ਦੀ ਉਸ ਸਮੇਂ ਦੀ ਮੌਜੂਦਾ ਗਿਣਤੀ (ਜੋ ਕਿ ਸਬੰਧਤ ਵਿਭਾਗ ਦੇ ਹੁਕਮਾਂ/ਹਦਾਇਤਾਂ ਅਨੁਸਾਰ ਭਰਤੀ ਪ੍ਰਕਿਰਿਆ ਦੌਰਾਨ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾ ਸਕਦੀ ਹੈ) ਅਨੁਸਾਰ ਉਮੀਦਵਾਰਾਂ ਵੱਲੋਂ ਦਿੱਤੀ ਤਰਜੀਹਾਂ ਅਨੁਸਾਰ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤੇ ਜਾਣਗੇ।

(vi) ਕਾਉਂਸਲਿੰਗ ਲਈ ਬੁਲਾਏ ਗਏ ਉਮੀਦਵਾਰਾਂ ਨੂੰ ਉਨ੍ਹਾਂ ਦੀ ਯੋਗਤਾ/ਪਾਤਰਤਾ ਤੇ ਆਧਾਰ ਤੇ ਬਿਨੈ ਕਰਨ ਵਾਲੀ ਸ਼੍ਰੇਣੀ/ ਅਸਾਮੀ ਕੋਡ ਵਿੱਚ ਹੀ ਵਿਚਾਰਿਆ ਜਾਏਗਾ।

11. **ਸਿਲੇਬਸ ਅਤੇ ਪੈਟਰਨ :**

ਹਰ ਪੱਖੋਂ ਮੁਕੰਮਲ ਆਨਲਾਈਨ ਪ੍ਰਤੀਬੇਨਤੀਆਂ ਪ੍ਰਾਪਤ ਹੋਣ ਤੋਂ ਬਾਅਦ ਉਮੀਦਵਾਰਾਂ ਨੂੰ ਲਿਖਤੀ ਪ੍ਰੀਖਿਆ ਲਈ ਬੋਰਡ ਦੀ ਵੈੱਬਸਾਈਟ ਤੇ ਹੀ Online Admit Card ਜਾਰੀ ਕੀਤੇ ਜਾਣਗੇ। ਲਿਖਤੀ ਪ੍ਰੀਖਿਆ ਦਾ ਸੰਭਾਵਤ ਸਿਲੇਬਸ ਅਤੇ ਪੈਟਰਨ (Pattern) ਬਾਅਦ ਵਿੱਚ ਬੋਰਡ ਦੀ ਵੈਬਸਾਈਟ ਤੇ ਅਪਲੋਡ ਕੀਤਾ ਜਾਵੇਗਾ। ਇਸ ਸਬੰਧੀ ਉਮੀਦਵਾਰ ਲਗਾਤਾਰ ਬੋਰਡ ਦੀ ਵੈਬਸਾਈਟ ਚੈੱਕ ਕਰਦੇ ਰਹਿਣ। ਲਿਖਤੀ ਪ੍ਰੀਖਿਆ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ ਅਤੇ ਪ੍ਰੀਖਿਆ ਕੇਂਦਰ ਆਦਿ ਸਿਰਫ ਬੋਰਡ ਦੀ ਵੈੱਬਸਾਈਟ http://sssb.punjab.gov.in/ ਤੇ ਹੀ ਅਪਲੋਡ (upload) ਕੀਤੀ ਜਾਏਗੀ। ਇਸ ਕਰਕੇ ਉਮੀਦਵਾਰਾਂ ਵੱਲੋਂ (Latest updates) ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ-ਵਿਹਾਰ ਨਹੀਂ ਕੀਤਾ ਜਾਵੇਗਾ।

12. **ਅਪਲਾਈ ਕਰਨ ਦੀ ਵਿਧੀ :**

(i) ਉਮੀਦਵਾਰ ਬੋਰਡ ਦੀ ਵੈੱਬਸਾਈਟ http://sssb.punjab.gov.in/ ਤੇ ਮੁਹੱਈਆ ਲਿੰਕ ਤੇ ਕਲਿਕ ਕਰਕੇ ਮਿਤੀ 16.01.2021 ਤੋਂ 11.02.2021 ਤੱਕ ਸ਼ਾਮ 5:00 ਵਜ਼ੇ ਤੱਕ ਕੇਵਲ ਆਨਲਾਈਨ ਹੀ ਅਪਲਾਈ/ਸਬਮਿਟ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਭੇਜੀ ਗਈ ਅਰਜੀ ਰੱਦ ਸਮਝੀ ਜਾਵੇਗੀ।

(ii) ਉਮੀਦਵਾਰ ਬੋਰਡ ਦੀ ਵੈਬਸਾਈਟ ਤੇ ਮੌਜੂਦ ਭਰਤੀ ਦੇ ਲਿੰਕ ਤੇ ਕਲਿਕ ਕਰਕੇ ਸਭ ਤੋਂ ਪਹਿਲਾਂ ਨਿੱਜੀ ਡਿਟੇਲ ਭਰਕੇ ਰਜਿਸਟਰੇਸ਼ਨ ਕਰਨਗੇ। ਰਜਿਸਟਰੇਸ਼ਨ ਸਫਲ ਹੋਣ ਉਪਰੰਤ Username ਅਤੇ Password generate ਹੋ ਜਾਏਗਾ, ਜਿਸਦੀ ਵਰਤੋਂ ਕਰਕੇ ਉਮੀਦਵਾਰ ਫਿਰ ਤੋਂ login ਕਰਕੇ step-wise ਹਰ ਪੱਖੋਂ ਮੁੰਕਮਲ Application Form ਭਰਨਗੇ ਅਤੇ

ਇਸਨੂੰ submit ਕਰਨਗੇ। ਪ੍ਰੰਤੂ ਇਹ Application form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ Application ਸਵੀਕਾਰ ਕੀਤੀ ਜਾਵੇਗੀ।

(iii) ਜੂਨੀਅਰ ਡਰਾਫਟਸਮੈਨ (ਸਿਵਲ) ਵਿੱਚ ਅਪਲਾਈ ਕਰਨ ਵਾਲੇ ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਵਿਭਾਗਾਂ ਦੀਆਂ ਅਸਾਮੀਆਂ ਦਾ ਵਰਗੀਕਰਨ ਨੂੰ ਧਿਆਨ ਨਾਲ ਪੜ੍ਹ ਕੇ ਅਤੇ ਚੇਕ ਕਰਨ ਉਪਰੰਤ ਆਨਲਾਈਨ ਫਾਰਮ ਅਪਲਾਈ ਕਰਦੇ ਸਮੇਂ ਆਪਣੀ ਵਿਭਾਗਾਂ ਦੀ Prefernce (ਤਰਜੀਹ) 1 ਤੋਂ 7 ਤੱਕ ਦੇਣਗੇ। ਕਿਸੇ ਵੀ ਸਟੇਜ ਤੇ ਉਮੀਦਵਾਰਾਂ ਵੱਲੋਂ ਦਿੱਤੀ ਵਿਭਾਗਾਂ ਦੀ ਤਰਜੀਹ ਨੂੰ ਤਬਦੀਲ ਨਹੀਂ ਕੀਤਾ ਜਾ ਸਕੇਗਾ।

ਨੋਟ : 1) **ਜੂਨੀਅਰ ਡਰਾਫਟਸਮੈਨ (ਮਕੈਨੀਕਲ) ਅਤੇ ਜੂਨੀਅਰ ਡਰਾਫਟਸਮੈਨ (ਆਰਚੀਕੈਟਚਰ) ਵਿੱਚ ਅਪਲਾਈ ਕਰਨ ਵਾਲੇ ਉਮੀਦਵਾਰਾਂ ਲਈ ਵਿਭਾਗਾਂ ਦੀ Prefernces (ਤਰਜੀਹਾਂ) ਨਹੀਂ ਹੈ।**

2) **Punjab Water Resources Management & Development Corporation ਦੇ ਜੂਨੀਅਰ ਡਰਾਫਟਸਮੈਨ (ਸਿਵਲ) ਲਈ ਤਰਜੀਹ ਭਰਨ ਵਾਲੇ ਉਮੀਦਵਾਰਾਂ ਕੋਲ ਦੋ ਸਾਲ ਡਰਾਫਟਸਮੈਨ ਸਿਵਲ ਸਰਟੀਫਿਕੇਟ ਕੋਰਸ ਦੇ ਨਾਲ ਇਕ ਸਾਲ ਦੀ Apprencticeship ਦਾ ਹੋਣਾ ਲਾਜ਼ਮੀ ਹੈ। ਇਸ ਲਈ ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਸਬੰਧਤ ਕੈਟਾਗਰੀ ਵਿੱਚ ਅਸਾਮੀਆਂ ਦੀ ਉਪਲਬਧਤਾ ਅਤੇ ਵਿਦਿਅਕ ਯੋਗਤਾ ਦੀ ਸ਼ਰਤ ਪੂਰੀ ਕਰਦੇ ਹੋਣ ਦੀ ਸੂਰਤ ਵਿੱਚ ਹੀ ਇਨ੍ਹਾਂ ਅਸਾਮੀਆਂ ਲਈ ਤਰਜੀਹ ਦਰਜ ਕਰਨ। ਬਿਨ੍ਹਾਂ ਇਕ ਸਾਲ ਦੀ Apprencticeship ਤੋਂ ਉਮੀਦਵਾਰਾਂ ਨੂੰ ਇਸ ਅਸਾਮੀ ਲਈ ਨਹੀਂ ਵਿਚਾਰਿਆਂ ਜਾਇਗਾ।**

(iv) ਉਮੀਦਵਾਰ Online Application form ਭਰਨ ਸਮੇਂ ਆਪਣੀ ਪਾਸਪੋਰਟ ਸਾਈਜ਼ ਫੋਟੋਗਰਾਫ, ਹਸਤਾਖਰ ਅਤੇ ਲੋੜੀਂਦੇ ਵਿਦਿਅਕ ਯੋਗਤਾ ਜਿਵੇਂ ਕਿ ਮੈਟਰਿਕ/ਦਸਵੀਂ ਦਾ ਜਨਮ ਮਿਤੀ ਵਾਲਾ ਸਰਟੀਫਿਕੇਟ ਅਤੇ ਉਪਰੋਕਤ ਅਸਾਮੀਆਂ ਲਈ ਲੜੀ ਨੰਬਰ 4 ਵਿੱਚ ਦਰਸਾਈ ਵਿੱਦਿਅਕ ਯੋਗਤਾ (Education Qualification) ਸਬੰਧੀ ਮੰਗੇ ਲੋੜੀਂਦੇ ਵਿੱਦਿਅਕ ਯੋਗਤਾ ਸਰਟੀਫਿਕੇਟ ਸਕੈਨ ਕਰਕੇ ਅਪਲੋਡ ਕਰਨਗੇ। ਇਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਅਤੇ ਮੁਕੰਮਲ Online Application form submit ਹੋ ਜਾਣ ਉਪਰੰਤ ਉਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕਦੀ।

(v) ਆਨਲਾਈਨ ਐਪਲੀਕੇਸ਼ਨ ਫਾਰਮ ਦੇ ਸਫਲਤਾਪੂਰਵਕ ਸਬਮਿਟ ਹੋ ਜਾਣ ਉਪਰੰਤ ਉਮੀਦਵਾਰ logging into the online application portal ਤੇ ਮੌਜੂਦ Make Payment Link ਦੇ ਅਧੀਨ *****PAY FEE****** ਲਿੰਕ ਤੇ ਕਲਿੱਕ ਕਰਕੇ ਫੀਸ ਦਾ ਭੁਗਤਾਨ ਕਰ ਸਕਣਗੇ। ਉਮੀਦਵਾਰ Online Application form submit/ਜਮ੍ਹਾਂ ਹੋਣ ਦੀ ਮਿਤੀ ਤੋਂ ਬਾਅਦ ਕੰਮ-ਕਾਜ ਵਾਲੇ ਤੀਸਰੇ ਦਿਨ ਫੀਸ ਦਾ ਭੁਗਤਾਨ ਸਟੇਟ ਬੈਂਕ ਆਫ ਇੰਡੀਆ (State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਚਲਾਨ ਰਾਹੀਂ ਜਾਂ Net Banking, Credit Card, Debit Card, Rupay Card, Phone Pay, Google Pay ਆਦਿ ਕਿਸੇ ਵੀ mode ਵਿੱਚ ਫੀਸ ਜਮ੍ਹਾਂ ਕਰਵਾ ਸਕਣਗੇ। **ਆਨਲਾਈਨ ਅਪਲਾਈ ਅਤੇ Online Applicaion form submit ਕਰਨ ਦੀ ਆਖਰੀ ਮਿਤੀ 11.02.2021 ਸ਼ਾਮ 05.00 ਵਜੇ ਤੱਕ ਹੋਵੇਗੀ। ਇਸ ਤੋਂ ਬਾਅਦ ਮਿਤੀ 15.02.2021 ਤੱਕ ਸਿਰਫ ਫੀਸ ਹੀ ਭਰੀ ਜਾ ਸਕੇਗੀ।** ਜੇਕਰ ਕਿਸੇ ਕਾਰਨ ਉਮੀਦਵਾਰ ਦੀ ਆਨਲਾਈਨ ਫੀਸ ਜਮ੍ਹਾਂ ਨਹੀਂ ਹੋ ਪਾਂਦੀ ਤਾਂ ਉਸਦੀ ਅਰਜੀ ਰੱਦ

ਸਮਝੀ ਜਾਵੇਗੀ। ਉਮੀਦਵਾਰਾਂ ਲਈ ਸਿਰਫ ਫੀਸ ਭਰਨ ਦੀ ਆਖਰੀ ਮਿਤੀ 15.02.2021 ਹੋਵੇਗੀ।

**ਨੋਟ : ਉਮੀਦਵਾਰ ਫੀਸ ਜਮ੍ਹਾਂ ਕਰਨ ਲਈ Select Payment Category (Advt. No. 2/2021) ਕਰਨ ਉਪਰੰਤ ਹੇਠ ਲਿਖੇ ਅਨੁਸਾਰ ਡਾਟਾ ਭਰਨਗੇ :-**

**Enter APPLICATION NO For example C2020121500004**

**Enter DATE OF BIRTH For example 24/07/1990**

(vi) ਉਮੀਦਵਾਰ ਦੁਆਰਾ ਲੋੜੀਂਦੀ ਫੀਸ ਜਮ੍ਹਾਂ ਕਰਵਾਉਣ ਉਪਰੰਤ ਹੀ Online ਅਪਲਾਈ ਕਰਨ ਦੀ ਪ੍ਰਕਿਰਿਆ ਮੁਕੰਮਲ ਹੋ ਸਕੇਗੀ ਅਤੇ Online Application form ਸਵੀਕਾਰ ਕੀਤਾ ਜਾਵੇਗਾ। ਫੀਸ ਅਦਾ ਕਰਨ ਦੀ ਮਿਤੀ ਤੋਂ ਬਾਅਦ ਦੋ ਦਿਨ ਛੱਡ ਕੇ ਅਗਲੀ ਮਿਤੀ ਤੋਂ Online Application form generate/download ਹੋ ਸਕੇਗਾ। ਉਮੀਦਵਾਰ ਇਸ ਫਾਰਮ ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣ ਲਈ ਜਿੰਮੇਵਾਰ ਹੋਣਗੇ।

(vii) ਜੇਕਰ ਉਮੀਦਵਾਰ ਵੱਲੋਂ ਆਨਲਾਈਨ ਫਾਰਮ ਭਰਨ ਸਮੇਂ ਕੋਈ ਗਲਤੀ ਹੋ ਜਾਂਦੀ ਹੈ ਤਾਂ ਸਿਰਫ Application form online submit ਕਰਨ ਤੋਂ ਪਹਿਲਾਂ ਹੀ ਉਸ ਪਾਸ ਫਾਰਮ ਵਿੱਚ ਸੋਧ ਕਰਨ ਦਾ ਮੌਕਾ ਹੋਵੇਗਾ। ਉਮੀਦਵਾਰ ਦੁਆਰਾ ਇੱਕ ਵਾਰ Online Application form ਸਬਮਿਟ ਕਰਨ ਉਰਪੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

(viii) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਆਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(ix) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (Valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

(x) Net Banking/Credit Card/Debit Card ਜਾਂ ਕਿਸੇ ਹੋਰ mode ਰਾਹੀਂ ਅਦਾ ਕੀਤੀ ਗਈ ਫੀਸ ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਰੱਦ ਸਮਝੀ ਜਾਵੇਗੀ।

**13. ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ :**

ਹੇਠ ਲਿਖੇ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ :-

(i) ਪੂਰੀ ਫੀਸ ਪ੍ਰਾਪਤ ਨਾ ਹੋਣ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣ,
(ii) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ,

(iii) ਆਨਲਾਈਨ ਬਿਨੈ ਕਰਨ ਦੀ ਪੂਰੀ ਪ੍ਰਕਿਰਿਆ ਮੁਕੰਮਲ ਨਾ ਕਰਨਾ,
(iv) ਅਧੀਨ ਸੇਵਾਵਾਂ ਚੋਣ ਬੋਰਡ, ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ,
(v) ਲੋੜੀਦੀ ਵਿੱਦਿਅਕ ਯੋਗਤਾ, ਉਮਰ, ਤਰਜੀਹ, ਰਾਖਵਾਂਕਰਨ ਜਾਂ ਭਰਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਹੋਣਾ,
(vi) ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਦੀ ਥਾਂ ਕਿਸੇ ਹੋਰ ਪ੍ਰਕਿਰਿਆ ਰਾਹੀਂ ਬਿਨੈ ਕਰਨਾ,
(vii) ਲਿਖਤੀ ਪ੍ਰੀਖਿਆ ਵਿੱਚ 40% (40 ਪ੍ਰਤੀਸ਼ਤ) ਅੰਕਾਂ ਤੋਂ ਘੱਟ ਅੰਕ ਪ੍ਰਾਪਤ ਕਰਨ ਵਾਲੇ ਉਮੀਦਵਾਰ ਨੂੰ ਅਯੋਗ/ਫੇਲ ਕਰਾਰ ਦਿੰਦੇ ਹੋਏ ਉਪਰੋਕਤ ਅਸਾਮੀਆਂ ਲਈ ਚੋਣ ਵਾਸਤੇ ਵਿਚਾਰਿਆ ਨਹੀਂ ਜਾਵੇਗਾ।

14. **ਬਿਨੈਕਾਰਾਂ ਦੇ ਧਿਆਨ ਹਿੱਤ ਅਤਿ ਜ਼ਰੂਰੀ ਹਦਾਇਤਾਂ :**

(i) ਉਮੀਦਵਾਰਾਂ ਵੱਲੋਂ ਹਾਸਲ ਕੀਤਾ ਗਿਆ ਟੈਕਨੀਕਲ ਵਿੱਦਿਅਕ ਯੋਗਤਾ ਸਬੰਧੀ ਸਰਟੀਫਿਕੇਟ ਭਾਰਤ ਸਰਕਾਰ ਡੀ.ਜੀ.ਟੀ/ਡਾਇਰੈਕਟਰ ਟੈਕਨੀਕਲ ਐਜੂਕੇਸ਼ਨ ਦੁਆਰਾ ਮਾਨਤਾ ਪ੍ਰਾਪਤ ਇੰਡਸਟੀਰਿਅਲ ਟ੍ਰੇਨਿੰਗ ਇੰਨਸੀਟੀਚੂਟ ਤੋਂ ਸਮੇਂ-ਸਮੇਂ ਤੇ ਜਾਰੀ guidelines/instructions ਅਨੁਸਾਰ ਕੀਤਾ ਹੋਣਾ ਲਾਜ਼ਮੀ ਹੈ ਅਤੇ ਡਿਪਲੋਮਾ A.I.C.T.E./ਸਟੇਟ ਬੋਰਡ ਆਫ ਟੈਕਨੀਕਲ ਐਜੂਕੇਸ਼ਨ ਦੁਆਰਾ ਸਮੇਂ-ਸਮੇਂ ਤੇ ਜਾਰੀ guidelines/instructions ਅਨੁਸਾਰ ਮਾਨਤਾ ਪ੍ਰਾਪਤ ਯੂਨੀਵਰਸਿਟੀ/ਸੰਸਥਾ ਤੋਂ ਕੀਤਾ ਹੋਣਾ ਲਾਜ਼ਮੀ ਹੈ।
(ii) ਉਪਰੋਕਤ ਦਰਸਾਈਆਂ ਅਸਾਮੀਆਂ ਲਈ ਪੰਜਾਬ ਸਿਵਲ ਸੇਵਾਵਾਂ (Common conditions) ਰੂਲਜ਼, 1994 ਵਿੱਚ ਕੀਤੇ ਉਪਬੰਧ ਅਨੁਸਾਰ ਦਸਵੀਂ ਪੱਧਰ ਦੀ ਪੰਜਾਬੀ ਜਾਂ ਇਸ ਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਵੇ।

(iii) ਮੁੱਢਲੀ ਤਨਖਾਹ ਅਤੇ ਹੋਰ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ), ਪੰਜਾਬ ਸਰਕਾਰ ਦਾ ਨੋਟੀਫਿਕੇਸ਼ਨ ਨੰ. 7/204/2012-4ਐਫ.ਪੀ.1/60, ਮਿਤੀ 15.01.2015 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

(iv) ਜੇਕਰ ਉਪਰੋਕਤ ਦਰਸਾਏ ਵਿਭਾਗ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ ਤੇ ਕਿਸੇ ਵੀ ਕਾਰਨ ਉਪਰਕੋਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਦਾ ਫੈਸਲਾ ਲੈਂਦਾ ਹੈ ਜਾਂ ਉਪਰੋਕਤ ਦਰਸਾਏ ਸ਼੍ਰੇਣੀਆਂ ਦਾ ਵਰਗੀਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ ਸੋਧ ਕਰਨ ਦਾ ਫੈਸਲਾ ਲੈਂਦਾ ਹੈ ਤਾਂ ਬੋਰਡ ਦੁਆਰਾ ਇਸ ਸਬੰਧੀ Corrigendum/Notice ਰਾਹੀਂ ਸੂਚਨਾ ਦਿੱਤੀ ਜਾਵੇਗੀ। ਅਜਿਹੀ ਹਰ ਤਰ੍ਹਾਂ ਦੀ ਸੋਧ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ।
(v) ਇਨ੍ਹਾਂ ਅਸਾਮੀਆਂ ਦੀ ਕੈਟਾਗਰੀ ਵਾਈਜ਼ ਵੰਡ ਅਤੇ ਰਾਖਵਾਂਕਰਨ ਉਪਰੋਕਤ ਦਰਸਾਏ ਵਿਭਾਗਾਂ ਵੱਲੋਂ ਨਿਰਧਾਰਤ ਕੀਤਾ ਗਿਆ ਹੈ। ਇਨ੍ਹਾਂ ਅਸਾਮੀਆਂ ਲਈ ਹਰ ਸ਼੍ਰੇਣੀ ਲਈ ਰਾਖਵਾਂਕਰਨ ਪੰਜਾਬ ਸਰਕਾਰ ਦੀਆਂ ਰਾਖਵਾਂਕਰਨ ਨੀਤੀ ਸਬੰਧੀ ਹਦਾਇਤਾਂ/ਨਿਯਮਾਂ ਅਨੁਸਾਰ ਲਾਗੂ ਹੋਵੇਗਾ। Economical Weaker Sections ਲਈ ਰਾਖਵਾਂਕਰਨ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ ਸਰਕਾਰ ਦੇ ਪੱਤਰ ਨੰ: 1/3/2019-ਆਰ.ਸੀ.1/120, ਮਿਤੀ 28 ਮਈ, 2019 ਅਤੇ ਪੰਜਾਬ ਸਰਕਾਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਉਮੀਦਵਾਰਾਂ ਲਈ ਇਸਤਰੀ ਤੇ ਬਲ ਵਿਕਾਸ ਵਿਭਾਗ (ਸਮਾਜਿਕ ਸੁਰੱਖਿਆ ਸ਼ਾਖਾ) ਦੇ ਨੋਟੀਫਿਕੇਸ਼ਨ ਨੰਬਰ G.S.R.87/Const./Arts.309 and 15/2020 dated 21st October 2020 ਰਾਹੀਂ ਜਾਰੀ ਹਦਾਇਤਾਂ ਅਤੇ ਇਸਨੂੰ ਲਾਗੂ ਕਰਨ ਸਬੰਧੀ ਭਵਿੱਖ ਵਿੱਚ ਜਾਰੀ ਕੀਤੀ ਜਾਣ ਵਾਲੀ ਹਰ ਹਦਾਇਤ/ਨਿਯਮ ਦੇ ਅਨੁਸਾਰ ਲਾਗੂ ਹੋਵੇਗਾ।

(vi) ਇਨ੍ਹਾਂ ਅਸਾਮੀਆਂ ਲਈ ਉਮੀਦਵਾਰ ਕੇਵਲ ਬੋਰਡ ਦੀ ਵੈੱਬਸਾਈਟ http://sssb.punjab.gov.in/ ਤੇ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਇਸ ਤੋਂ ਬਿਨ੍ਹਾਂ ਕਿਸੇ ਵੀ ਵਿਧੀ ਰਾਹੀਂ ਭੇਜੀ ਗਈ ਅਰਜੀ ਰੱਦ ਸਮਝੀ ਜਾਵੇਗੀ।

(vii) ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜਿੰਮੇਵਾਰ ਹੋਵੇਗਾ। ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਇਸ ਸਬੰਧੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ ਅਤੇ ਨਾ ਹੀ ਕਿਸੇ ਵੀ ਕਾਲਮ ਵਿੱਚ ਸੋਧ ਕੀਤੀ ਜਾਏਗੀ। ਉਮੀਦਵਾਰ ਵੱਲੋਂ ਇੱਕ ਵਾਰ ਭਰਿਆ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(viii) ਉਮੀਦਵਾਰ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਵੱਲੋਂ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਲੈਣ ਦੀ ਸਥਿਤੀ ਵਿੱਚ ਕੋਈ ਵੀ ਗਲਤੀ ਹੋ ਜਾਣ ਉਪਰੰਤ ਕਿਸੇ ਵੀ ਹਾਲਤ ਵਿੱਚ ਫਾਰਮ ਦੇ ਕਿਸ ਵੀ ਕਾਲਮ ਵਿੱਚ ਸੋਧ ਨਹੀਂ ਕੀਤੀ ਜਾਏਗੀ।

(ix) ਉਮੀਦਵਾਰ ਵੱਲੋਂ ਅਧੂਰਾ ਫਾਰਮ ਭਰਨ ਜਾਂ ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਪੂਰੀ ਨਾ ਕਰਨ ਜਾਂ ਪੂਰੀ ਫੀਸ ਨਾ ਭਰ ਸਕਣ ਜਾਂ ਲੋੜੀਂਦੇ ਦਸਤਾਵੇਜ ਅਪਲੋਡ ਨਾ ਕਰਨ ਦੀ ਸਥਿਤੀ ਵਿੱਚ ਉਸਦਾ ਬਿਨੈ-ਪੱਤਰ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਨੂੰ ਇੰਨ੍ਹਾਂ ਅਸਾਮੀਆਂ ਲਈ ਉਮੀਦਵਾਰ ਨਹੀਂ ਮੰਨਿਆ ਜਾਵੇਗਾ।

(x) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਲੋੜੀਂਦੇ ਸਰਟੀਫਿਕੇਟ ਸਕੈਨ ਕਰਕੇ ਨਾਲ ਹੀ ਅਪਲੋਡ ਕਰਨਗੇ।

(xi) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ/ਸ਼ਡਿਊਲ, Admit Car, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਏਗੀ। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਾਵਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ http://sssb.punjab.gov.in/ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰਾਂ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

(xii) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਅਤੇ ਅਸਾਮੀ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਧਿਆਨ ਨਾਲ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਅਤੇ ਅਸਾਮੀ ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(xiii) **ਜੂਨੀਅਰ ਡਰਾਫਟਸਮੈਨ (ਸਿਵਲ)** ਵਿੱਚ ਅਪਲਾਈ ਕਰਨ ਵਾਲੇ ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਵਿਭਾਗਾਂ ਦੀਆਂ ਅਸਾਮੀਆਂ ਦਾ ਵਰਗੀਕਰਨ ਨੂੰ ਧਿਆਨ ਨਾਲ ਪੜ੍ਹ ਕੇ ਅਤੇ ਚੇਕ ਕਰਨ ਉਪਰੰਤ ਆਨਲਾਈਨ ਫਾਰਮ ਅਪਲਾਈ ਕਰਦੇ ਸਮੇਂ ਅਪਲਾਈ ਕਰਨਗੇ ਅਤੇ ਆਪਣੀ ਵਿਭਾਗਾਂ ਦੀ Prefernces (ਤਰਜੀਹਾਂ) 1 ਤੋਂ 7 ਤੱਕ ਦੇਣਗੇ। ਕਿਸੇ ਵੀ ਸਟੇਜ ਤੇ ਉਮੀਦਵਾਰਾਂ ਵੱਲੋਂ ਦਿੱਤੀ ਵਿਭਾਗਾਂ ਦੀ ਤਰਜੀਹਾਂ ਨੂੰ ਤਬਦੀਲ ਨਹੀਂ ਕੀਤਾ ਜਾ ਸਕੇਗਾ।

(xvi) ਜੂਨੀਅਰ ਡਰਾਫਟਸਮੈਨ (ਮਕੈਨੀਕਲ) ਅਤੇ ਜੂਨੀਅਰ ਡਰਾਫਟਸਮੈਨ (ਆਰਚੀਕੈਟਚਰ) ਵਿੱਚ ਸਿਰਫ ਇੱਕ-ਇੱਕ ਵਿਭਾਗ ਹੋਣ ਕਰਕੇ ਇਨ੍ਹਾਂ ਅਸਾਮੀਆਂ ਲਈ ਅਪਲਾਈ ਕਰਨ ਵਾਲੇ ਉਮੀਦਵਾਰਾਂ ਲਈ ਵਿਭਾਗਾਂ ਦੀ Preferncess (ਤਰਜੀਹਾਂ) ਨਹੀਂ ਹੈ।

(xv) (ਵੱਖ-ਵੱਖ ਵਰਗਾਂ/ਸ਼੍ਰੇਣੀਆਂ ਵਿੱਚ ਅਸਾਮੀਆਂ ਉਸ ਵਰਗ ਵਿੱਚ ਅਸਾਮੀਆਂ ਦੀ ਉਪਲਬਧਤਾ ਅਧੀਨ ਭਰੀਆਂ ਜਾਣਗੀਆਂ।

(xvi) ਆਨਲਾਈਨ ਅਪਲਾਈ ਕਰਨ ਜਾਂ ਲਿਖਤੀ ਪੇਪਰ ਵਿੱਚ ਅਪੀਅਰ ਹੋਣ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਊਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਉਪਰੋਕਤ ਅਸਾਮੀਆਂ ਲਈ ਸਿਫਾਰਸ਼ ਹੋਣ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਅਸਾਮੀਆਂ ਲਈ ਹਰ ਪੱਖੋਂ ਸਿੱਧ ਹੋਣ ਅਤੇ ਲੋੜੀਂਦੀਆਂ ਸ਼ਰਤਾਂ/ਵਿੱਦਿਅਕ ਯੋਗਤਾਵਾਂ ਪੂਰੀਆਂ ਕਰਨ ਵਾਲੇ ਉਮੀਦਵਾਰਾਂ ਦਾ ਨਾਮ ਹੀ ਮੈਰਿਟ/ਉਨ੍ਹਾਂ ਵੱਲੋਂ ਦਿੱਤੀ ਤਰਜੀਹ ਅਨੁਸਾਰ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਏਗਾ। ਤੈਅ ਸਮੇਂ-ਸੀਮਾ ਅੰਦਰ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਮੀਦਵਾਰ ਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।

(xvii) ਉਮੀਦਵਾਰ ਵੱਲੋਂ ਭਰਤੀ ਦੀ ਕਿਸੇ ਵੀ ਸਟੇਜ ਤੇ ਉਪਲਬਧ ਕਰਵਾਏ ਗਏ ਕਿਸੇ ਵੀ ਦਸਤਾਵੇਜ ਦੇ ਗਲਤ ਸਾਬਤ ਹੋਣ ਤੇ ਉਸਦਾ ਨਾਮ ਮੈਰਿਟ ਸੂਚੀ ਵਿੱਚੋਂ ਕੱਢ ਦਿੱਤਾ ਜਾਏਗਾ ਅਤੇ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ। ਅਜਿਹੇ ਉਮੀਦਵਾਰਾਂ ਵਿਰੁੱਧ ਨਿਯਮਾਂ ਅਨੁਸਾਰ ਕਾਨੂੰਨੀ ਕਾਰਵਾਈ ਵੀ ਆਰੰਭੀ ਜਾ ਸਕਦੀ ਹੈ।

(xviii)ਉਮੀਦਵਾਰ ਇਹ ਵੀ ਤਸਦੀਕ ਕਰਨਗੇ ਕਿ ਉਹ ਉਪਰੋਕਤ ਅਸਾਮੀ ਅਨੁਸਾਰ ਲੋੜੀਂਦੀ ਵਿੱਦਿਅਕ ਯੋਗਤਾ ਅਤੇ ਨਿਰਧਾਰਤ ਸ਼ਰਤਾ ਪੂਰੀਆਂ ਕਰਦਾ ਹੈ। ਉਮੀਦਵਾਰ ਵੱਲੋਂ ਕਾਊਂਸਲਿੰਗ ਸਮੇਂ ਅਸਲ ਦਸਤਾਵੇਜ ਦੇ ਆਧਾਰ ਤੇ ਉਮਰ, ਵਿੱਦਿਅਕ ਯੋਗਤਾ ਅਤੇ ਲੋੜੀਂਦੇ ਦਸਤਾਵੇਜ ਸਬੰਧੀ ਤਸਦੀਕ ਕਰਨੀ ਹੋਵੇਗੀ। ਇੰਨ੍ਹਾਂ ਦਸਤਾਵੇਜਾਂ ਦੇ ਹਰ ਪੱਖੋਂ ਸਹੀ ਸਿੱਧ ਹੋਣ ਅਤੇ ਲੋੜੀਂਦੀਆਂ ਸ਼ਰਤਾਂ/ਯੋਗਤਾਵਾਂ ਪੂਰੀਆਂ ਕਰਨ ਅਤੇ ਉਸਦੀ ਪਾਤਰਤਾ ਸਿੱਧ ਹੋਣ ਦੀ ਸਥਿਤੀ ਵਿੱਚ ਹੀ ਉਮੀਦਵਾਰ ਦਾ ਨਾਮ ਮੈਰਿਟ/ਉਨ੍ਹਾਂ ਵੱਲੋਂ ਦਿੱਤੀ ਤਰਜੀਹ ਅਨੁਸਾਰ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਏਗਾ।

(xix) ਉਮੀਦਵਾਰ ਕਾਊਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ, ਤਕਨੀਕੀ ਯੋਗਤਾ ਅਤੇ ਰਾਖਵਾਂਕਰਨ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ। ਇਹ ਸਾਰੇ ਦਸਤਾਵੇਜ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾਂ ਦੇ ਹੋਣੇ ਚਾਹੀਦੇ ਹਨ। ਕਾਊਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਨਹੀਂ ਵਿਚਾਰਿਆ ਜਾਏਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਏਗਾ।

(xx) ਕਾਊਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਜਾਏਗਾ।

(xxi) ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਬੋਰਡ/ਬੈਂਕ ਦੁਆਰਾ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਏਗੀ।

(xxii) ਇਸ ਭਰਤੀ ਸਬੰਧੀ ਬੋਰਡ ਦੁਆਰਾ ਭਵਿੱਖ ਵਿੱਚ ਜਾਰੀ ਕੋਈ ਵੀ ਸੋਧ/ ਨੋਟਿਸ/ Corrigendum ਇਸ ਭਰਤੀ ਤੇ ਲਾਗੂ ਹੋਵੇਗਾ ਅਤੇ ਉਮੀਦਵਾਰ ਇਸਦੀ ਪਾਲਣਾ ਕਰਨੀ ਯਕੀਨੀ ਬਣਾਉਣਗੇ।

(xxiii)ਇਸ ਭਰਤੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਅਧਿਕਾਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਪਾਸ ਰਾਖਵਾਂ ਹੋਵੇਗਾ ਅਤੇ ਕਿਸੇ ਵੀ ਮਾਮਲੇ/ਵਿਸ਼ੇ ਸਬੰਧੀ ਬੋਰਡ ਦੁਆਰਾ ਗਠਿਤ ਕੀਤੀ ਕਮੇਟੀ ਦਾ ਫੈਸਲਾ ਅੰਤਿਮ ਅਤੇ ਸਾਰੇ ਉਮੀਦਵਾਰਾਂ ਤੇ ਲਾਗੂ ਹੋਵੇਗਾ।

(xxiv)ਉਪਰੋਕਤ ਦਰਸਾਈਆਂ ਅਸਾਮੀਆਂ ਦੀਆਂ ਸ਼ਰਤਾਂ/ਨਿਯਮ/ਰਾਖਵਾਂਕਰਨ ਸਬੰਧਤ ਵਿਭਾਗਾਂ ਦੁਆਰਾ ਮੁਹੱਈਆ ਕਰਾਈ ਗਈ ਸੂਚਨਾ/ਜਾਣਕਾਰੀ ਤੇ ਅਧਾਰਿਤ ਹਨ। ਇਸ ਸਬੰਧੀ ਹਰ ਤਰ੍ਹਾਂ ਦੀ ਜ਼ਿੰਮੇਵਾਰੀ ਸਬੰਧਤ ਵਿਭਾਗਾਂ ਦੀ ਹੋਵੇਗੀ।

(xxv)ਇਨ੍ਹਾਂ ਅਸਾਮੀਆਂ ਲਈ ਆਨਲਾਈਨ ਬਿਨੈ (Online Apply) ਕਰਨ ਸਬੰਧੀ ਕੋਈ ਮੁਸ਼ਕਲ/ਔਕੜ ਆਉਣ ਤੇ email ਰਾਹੀਂ ehelpdesk2@gmail.com ਤੇ ਸੰਪਰਕ ਕੀਤਾ ਜਾ ਸਕਦਾ ਹੈ।

(xxvi)ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ 10.00 am ਤੋਂ 04.00 pm ਬੋਰਡ ਦੇ ਦਫਤਰੀ ਫੋਨ ਨੰ: 0172-2298000 (Extension No. 5103, 5106 and 5107) ਤੇ ਸੰਪਰਕ ਕੀਤਾ ਜਾ ਸਕਦਾ ਹੈ।

ਸਹੀ
**ਸਕੱਤਰ**
**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਸਥਾਨ : ਐਸ.ਏ.ਐਸ. ਨਗਰ**
ਮਿਤੀ : 15.01.2021